Vigilance Bureau, Punjab

# Vigilance nabs 8 officials in 5 different bribery cases during July

## Registers 14 criminal cases against 20 accused persons

Chandigarh, August 13 :

The Punjab Vigilance Bureau during its ongoing crusade against corruption has been able to nab 8 employees red handed while accepting bribes in 5 different trap cases during the month of July which includes two PSPCL employees and three employees from improvement trust Ludhiana.

Disclosing this, a spokesperson of the Vigilance Bureau (VB) said the Bureau has put up its best efforts to eradicate corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He informed that in the last month the Bureau has registered 14 criminal cases in which 20 accused persons were involved in corruption. In these criminal cases among others four police personnel, two revenue officials and six employees of improvement trust Ludhiana including its former chairman Raman Bala Subramanyam have been booked by the VB for further investigations.

The spokesperson further informed that the Bureau has submitted challans pertaining to eight vigilance cases in various special courts in the last month. Apart from this, twelve vigilance enquires (VEs) have also been registered against public servants to probe the corruption cases thoroughly.

Giving more details, he informed that the special court have decided three bribery cases filed and contested by the Bureau during the last month, in which Hakam Singh revenue Patwari and Avtar Singh Sewadar were convicted and sentenced with four years imprisonment each and fine of Rs. 20,000 and Rs. 10,000 respectively by the Addl. District and Session Judge, Barnala.

Similarly Gurdarshan Singh revenue Patwari has been awarded with imprisonment of four years and fine Rs. 20,000 by the Addl. District and Session Judge, Sangrur.

In another case Punjab Khadi Board district employee Krishan Das has been sentenced under section 7 of Prevention of Corruption Act (PCA) with three years imprisonment and fine Rs 10,000. In addition, he has also been awarded with four years imprisonment and Rs 10,000 fine under section 13(2) of PCA by the Addl. District and Session Judge, Ferozepur.

----------

ਵਿਜੀਲੈਂਸ ਬਿਊਰੋ, ਪੰਜਾਬ

# ਵਿਜੀਲੈਂਸ ਵੱਲੋਂ ਜੁਲਾਈ ਮਹੀਨੇ ਦੌਰਾਨ ਰਿਸ਼ਵਤ ਦੇ ਪੰਜ ਵੱਖ-ਵੱਖ ਮਾਮਲਿਆਂ ਵਿੱਚ 8 ਮੁਲਾਜ਼ਮ ਕਾਬੂ

**20 ਮੁਲਜਮਾਂ ਖਿਲਾਫ਼ 14 ਅਪਰਾਧਿਕ ਮਾਮਲੇ ਦਰਜ)**

ਚੰਡੀਗੜ੍ਹ, 13 ਅਗਸਤ:

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਜੁਲਾਈ ਮਹੀਨੇ ਵਿੱਚ ਪੰਜ ਵੱਖ-ਵੱਖ ਟਰੈਪ ਕੇਸਾਂ 'ਚ 8 ਮੁਲਾਜਮਾਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ, ਜਿਨ੍ਹਾਂ ਵਿੱਚ ਪੀ.ਐਸ.ਪੀ.ਸੀ.ਐਲ ਦੇ ਦੋ ਮੁਲਾਜਮ ਅਤੇ ਨਗਰ ਸੁਧਾਰ ਟਰੱਸਟ ਲੁਧਿਆਣਾ ਦੇ ਤਿੰਨ ਮੁਲਾਜਮ ਸਾਮਲ ਹਨ।

ਇਹ ਪ੍ਰਗਟਾਵਾ ਕਰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਨੇ ਇਸ ਸਮੇਂ ਦੌਰਾਨ ਸਰਕਾਰੀ ਕਰਮਚਾਰੀਆਂ ਅਤੇ ਹੋਰਨਾਂ ਵਿੱਚ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਸਖਤ ਕੋਸ਼ਿਸ਼ਾਂ ਕੀਤੀਆਂ ਹਨ। ਵਿਜੀਲੈਂਸ ਅਧਿਕਾਰੀਆਂ ਨੇ ਇਹ ਯਕੀਨੀ ਬਣਾਇਆ ਹੈ ਕਿ ਸੱਕੀ ਵਿਅਕਤੀ ਰਾਜ ਦੀਆਂ ਵੱਖ-ਵੱਖ ਅਦਾਲਤਾਂ ਵਿੱਚ ਨਿਆਇਕ ਸਜਾ ਤੋਂ ਬਚ ਕੇ ਨਾ ਨਿਕਲ ਸਕੇ।

ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਵਿਜੀਲੈਂਸ ਬਿਊਰੋ ਵੱਲੋਂ ਅਗਲੇਰੀ ਜਾਂਚ ਲਈ 14 ਅਪਰਾਧਿਕ ਮਾਮਲੇ ਦਰਜ ਕੀਤੇ ਹਨ ਜਿਨ੍ਹਾਂ ਵਿੱਚ 20 ਦੋਸੀ ਸਾਮਲ ਸਨ। ਇਨ੍ਹਾਂ ਅਪਰਾਧਿਕ ਮਾਮਲਿਆਂ ਵਿੱਚ ਚਾਰ ਪੁਲਿਸ ਮੁਲਾਜਮ, ਦੋ ਮਾਲ ਅਧਿਕਾਰੀ ਅਤੇ ਨਗਰ ਸੁਧਾਰ ਟਰੱਸਟ ਲੁਧਿਆਣਾ ਦੇ ਛੇ ਮੁਲਾਜਮਾਂ ਸਮੇਤ ਇਸ ਦੇ ਸਾਬਕਾ ਚੇਅਰਮੈਨ ਰਮਨ ਬਾਲਾ ਸੁਬਰਾਮਨੀਅਮ ਖ਼ਿਲਾਫ ਮਾਮਲਾ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਵਿਸੇਸ ਅਦਾਲਤਾਂ ਵਿੱਚ ਅੱਠ ਵਿਜੀਲੈਂਸ ਕੇਸਾਂ ਨਾਲ ਸਬੰਧਤ ਚਲਾਨ ਪੇਸ ਕੀਤੇ ਹਨ। ਇਸ ਤੋਂ ਇਲਾਵਾ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਸਰਕਾਰੀ ਕਰਮਚਾਰੀਆਂ ਵਿਰੁੱਧ 12 ਵਿਜੀਲੈਂਸ ਇਨਕੁਆਰੀਆਂ ਵੀ ਦਰਜ ਕੀਤੀਆਂ ਗਈਆਂ ਹਨ।

ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਵਿਸੇਸ ਅਦਾਲਤ ਨੇ ਪਿਛਲੇ ਮਹੀਨੇ ਦੌਰਾਨ ਬਿਊਰੋ ਵੱਲੋਂ ਦਰਜ ਕੀਤੇ ਗਏ ਰਿਸਵਤਖੋਰੀ ਦੇ ਤਿੰਨ ਕੇਸਾਂ ਦਾ ਫੈਸਲਾ ਹੋਇਆ ਹੈ, ਜਿਸ ਵਿੱਚ ਵਧੀਕ ਜ਼ਿਲ੍ਹਾ ਅਤੇ ਸੈਸਨ ਜੱਜ, ਬਰਨਾਲਾ ਵੱਲੋਂ ਹਾਕਮ ਸਿੰਘ ਮਾਲ ਪਟਵਾਰੀ ਅਤੇ ਅਵਤਾਰ ਸਿੰਘ ਸੇਵਾਦਾਰ ਨੂੰ ਦੋਸੀ ਕਰਾਰ ਦਿੰਦਿਆਂ ਚਾਰ-ਚਾਰ ਸਾਲ ਦੀ ਕੈਦ ਦੇ ਨਾਲ ਕ੍ਰਮਵਾਰ 20,000 ਰੁਪਏ ਅਤੇ 10,000 ਰੁਪਏ ਦਾ ਜ਼ੁਰਮਾਨਾ ਲਾਇਆ ਗਿਆ ਹੈ।

ਇਸੇ ਤਰ੍ਹਾਂ ਗੁਰਦਰਸਨ ਸਿੰਘ ਮਾਲ ਪਟਵਾਰੀ ਨੂੰ ਵਧੀਕ ਜ਼ਿਲ੍ਹਾ ਤੇ ਸੈਸਨ ਜੱਜ ਸੰਗਰੂਰ ਵੱਲੋਂ ਚਾਰ ਸਾਲ ਦੀ ਕੈਦ ਅਤੇ 20 ਹਜਾਰ ਰੁਪਏ ਜੁਰਮਾਨੇ ਦੀ ਸਜਾ ਸੁਣਾਈ ਗਈ ਹੈ।

ਇੱਕ ਹੋਰ ਮਾਮਲੇ ਵਿੱਚ ਪੰਜਾਬ ਖਾਦੀ ਬੋਰਡ ਦੇ ਜ਼ਿਲ੍ਹਾ ਮੁਲਾਜਮ ਕ੍ਰਿਸਨ ਦਾਸ ਨੂੰ ਵਧੀਕ ਜ਼ਿਲ੍ਹਾ ਅਤੇ ਸੈਸਨ ਜੱਜ, ਫਿਰੋਜਪੁਰ ਵੱਲੋਂ ਭ੍ਰਿਸਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਤਹਿਤ ਤਿੰਨ ਸਾਲ ਦੀ ਕੈਦ ਅਤੇ 10,000 ਰੁਪਏ ਜੁਰਮਾਨੇ ਦੀ ਸਜਾ ਸੁਣਾਈ ਗਈ ਹੈ। ਇਸ ਤੋਂ ਇਲਾਵਾ ਉਕਤ ਕਾਨੂੰਨ ਦੀ ਧਾਰਾ 13(2) ਤਹਿਤ ਉਸਨੂੰ ਚਾਰ ਸਾਲ ਦੀ ਕੈਦ ਅਤੇ 10,000 ਰੁਪਏ ਜੁਰਮਾਨੇ ਦੀ ਸਜਾ ਵੀ ਸੁਣਾਈ ਗਈ ਹੈ।

----------